**ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਿਟੀ,ਪੰਜਾਬ,ਚੰਡੀਗੜ੍ਹ।**

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:172-2623006, 2623207, 2620106
ਫੈਕਸ:0172-2624687 ਈ-ਮੇਲ: ssapunjab123@gmail.com

ਵੱਲ: ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.),ਪੰਜਾਬ।

ਮੀਮੋ ਨੰ: 9/5-2010/ਸਸਅ/ਐਫਟੀਬੀ/ਰੈਸ਼./38563

ਮਿਤੀ, ਚੰਡੀਗੜ੍ਹ:25-05-2010

**ਵਿਸ਼ਾ: ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਆਸਾਮੀਆਂ ਨੂੰ ਤਰਕਸੰਗਤ ਕਰਨ ਬਾਰੇ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕਰੋ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਮਿਤੀ 29-04-2010 ਨੂੰ ਮਾਣਯੋਗ ਸਿੱਖਿਆ ਮੰਤਰੀ ਜੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਆਸਾਮੀਆਂ ਨੂੰ ਤਰਕਸੰਗਤ ਕਰਨ ਲਈ ਵਿਦਿਆਰਥੀਆਂ ਦੀ ਗਿਣਤੀ ਦਾ ਆਧਾਰ 15-05-2010 ਨੂੰ ਮੰਨਣ ਦਾ ਫ਼ੈਸਲਾ ਕੀਤਾ ਗਿਆ ਸੀ।

3.0 ਇਸੇ ਫ਼ੈਸਲੇ ਦੇ ਆਧਾਰ 'ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਵੱਲੋਂ ਤਜਵੀਜ਼ ਤਿਆਰ ਕੀਤੀ ਜਾਣੀ ਸੀ।

4.0 ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਦਾ ਨਤੀਜਾ ਮਿਤੀ 16-05-2010 ਨੂੰ ਐਲਾਨੇ ਜਾਣ ਕਰਕੇ ਨੌਵੀਂ ਜਮਾਤ ਵਿੱਚ ਵਿਦਿਆਰਥੀਆਂ ਦੇ ਦਾਖਲੇ ਦੀ ਮਿਤੀ 15-05-2010 ਤੋਂ ਵਧਾ ਕੇ 25-05-2010 ਕਰ ਦਿੱਤੀ ਗਈ ਹੈ।

5.0 ਇਸ ਦੇ ਮੱਦੇ-ਨਜ਼ਰ ਵਿਦਿਆਰਥੀਆਂ ਦੀ ਗਿਣਤੀ ਦਾ ਆਧਾਰ ਮਿਤੀ 25-05-2010 ਨੂੰ ਮੰਨਿਆ ਜਾਵੇ।

6.0 ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ।**

ਪਿੱਠ ਅੰਕਣ ਨੰ:-ਉਕਤ-

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਉਹਨਾਂ ਦੀ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ।

1. ਨਿੱਜੀ ਸਕੱਤਰ, ਸਿੱਖਿਆ ਮੰਤਰੀ ਪੰਜਾਬ।
2. ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ,ਸਿੱਖਿਆ ਵਿਭਾਗ (ਸਕੂਲਜ਼)।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।**